

ਸਕੂਲ ਨੂੰ ਦਿੱਤੇ ਆਰਓ ਦਾ ਉਦਘਾਟਨ ਕਰਦੇ ਹੋਏ ਕੰਪਨੀ ਦੇ ਅਧਿਕਾਰੀ।

# ਪਿੰਡ ਕੋਟਲੀ ਦੇ ਸਰਕਾਰੀ ਸਕੂਲ ਨੂੰ ਕੀਤਾ ਆਰਓ ਭੇਟ

**ਪੱਤਰ ਪ੍ਰੇਰਕ, ਮਾਨਸਾ** : ਪਿੰਡ ਕੋਟਲੀ ਖੁਰਦ ਵਿਖੇ ਵੇਦਾਂਤਾ ਗਰੁੱਪ ਤਲਵੰਡੀ ਸਾਬੋ ਪਾਵਰ ਲਿਮਟਿਡ ਕੰਪਨੀ ਵਲੋਂ ਸਰਕਾਰੀ ਮਿਡਲ ਸਕੂਲ ਤੇ ਪ੍ਰਾਇਮਰੀ ਸਕੂਲ ਨੂੰ ਆਰਓ ਭੇਟ ਕੀਤਾ ਗਿਆ, ਜਿਸ ਦਾ ਉਦਘਾਟਨ ਪਿੰਡ ਦੀ ਗ੍ਰਾਮ ਪੰਚਾਇਤ, ਬੀਪੀਈਓ ਹਰਫੂਲ ਸਿੰਘ ਤਲਵੰਡੀ ਸਾਬੋ, ਰਣਜੀਤ ਸਿੰਘ ਬਰਾੜ, ਹਰਬੰਸ ਸਿੰਘ ਪੀਥੀਸੀ ਨੇ ਕੀਤਾ। ਇਸ ਮੌਕੇ ਬੱਚਿਆ ਵਲੋ ਪਾਣੀ ਦੀ ਸੰਭਾਲ ਲਈ ਲੈਕਚਰ ਦਿੱਤਾ ਗਿਆ ਤੇ ਬੱਚਿਆਂ ਵਲੋਂ ਰਾਸ਼ਟਰੀ ਗੀਤ ਗਾਏ ਗਏ। ਕੰਪਨੀ ਦੇ ਅਧਿਕਾਰੀ ਡਾ. ਵਿਸ਼ਾਲ ਅਗਰਵਾਲ ਨੇ ਕਿਹਾ ਕਿ ਸਾਨੂੰ ਪਾਣੀ ਦੀ ਸੰਭਾਲ ਕਰਨੀ ਚਾਹੀਦੀ ਹੈ। ਸਕੂਲ ਦੇ ਹੈਡ ਮਾਸਟਰ ਜਗਤਾਰ ਸਿੰਘ ਤੇ ਹਰਬੰਸ ਸਿੰਘ ਨੇ ਕੰਪਨੀ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਨੂੰ ਆਰਓ ਦੀ ਬਹੁਤ ਜ਼ਰੂਰਤ ਸੀ ਕਿਉਂਕਿ ਬੱਚਿਆਂ ਨੂੰ ਧਰਤੀ ਹੇਠਲਾ ਪਾਣੀ ਪੀਣਾ ਪੈ ਰਿਹਾ ਸੀ। ਇਸ ਸਮੇਂ ਕਵਿਤਾਵਾਂ ਬੋਲਣ ਵਾਲੇ ਬੱਚਿਆਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸਰਪੰਚ ਬਚਿੰਤ ਕੌਰ, ਸਾਧੂ ਸਿੰਘ ਜਥੇਦਾਰ, ਮੋਹਨ ਸਿੰਘ, ਜਗਸੀਰ ਸਿੰਘ, ਕੇਵਲ ਸਿੰਘ, ਨਿਰਮਲ ਸਿੰਘ, ਸੁਖਪਾਲ ਸਿੰਘ, ਰਣਜੀਤ ਸਿੰਘ, ਲਾਭ ਸਿੰਘ, ਕੁਲਦੀਪ ਕੁਮਾਰ, ਪ੍ਰਦੀਪ ਕੁਮਾਰ ਆਦਿ ਹਾਜ਼ਰ ਸਨ।